**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ :29-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਛੱਤੀਸਗੜ੍ਹ ਦੇ ਰਾਏਪੁਰ ਵਿਖੇ ਪੁਲਿਸ ਦੇ ਡਾਇਰੈਕਟਰ ਜਨਰਲਾਂ ਅਤੇ ਇੰਸਪੈਕਟਰ ਜਨਰਲਾਂ ਦੀ 60ਵੀਂ ਸਰਬ ਭਾਰਤੀ ਕਾਨਫਰੰਸ ਦੀ ਪ੍ਰਧਾਨਗੀ ਕਰ ਰਹੇ ਨੇ. ਪ੍ਰਧਾਨ ਮੰਤਰੀ ਕਾਨਫਰੰਸ'ਚ ਕੱਲ੍ਹ ਹੋਣ ਵਾਲੇ ਕਈ ਸੈਸ਼ਨਾਂ ਵਿੱਚ ਵੀ ਹਿੱਸਾ ਲੈਣਗੇ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕੱਲ੍ਹ ਰਾਜ ਦੀ ਰਾਜਧਾਨੀ ਵਿੱਚ ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਵਿਖੇ ਇਸ ਤਿੰਨ ਦਿਨਾਂ ਕਾਨਫਰੰਸ ਦਾ ਉਦਘਾਟਨ ਕੀਤਾ। ਇਸ ਸਾਲ ਦੀ ਕਾਨਫਰੰਸ ਦਾ ਵਿਸ਼ਾ "Viksit Bharat: Security Dimensions, ਏ, ਅਤੇ ਇਹ ਉੱਭਰ ਰਹੀਆਂ ਚੁਣੌਤੀਆਂ ਤੋਂ ਨਾਗਰਿਕਾਂ ਦੀ ਰੱਖਿਆ ਲਈ ਅਤਿ – ਆਧੁਨਿਕ ਸੁਰੱਖਿਆ ਢਾਂਚੇ ਨੂੰ ਵਿਕਸਤ ਕਰਨ 'ਤੇ ਕੇਂਦ੍ਰਿਤ ਏ । ਕਾਨਫਰੰਸ ਵਿੱਚ, ਖੱਬੇ-ਪੱਖੀ ਅਤਿਵਾਦ, ਦਹਿਸ਼ਤਗਰਦੀ ਦੇ ਮੁਕਾਬਲੇ, ਆਫ਼ਤ ਸਮੇਂ ਪ੍ਰਬੰਧ, ਔਰਤਾਂ

ਦੀ ਸੁਰੱਖਿਆ, ਅਤੇ ਪੁਲਿਸਿੰਗ ਵਿੱਚ ਫੋਰੈਂਸਿਕ ਵਿਗਿਆਨ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਜੋੜਨ ਸਮੇਤ ਮਹੱਤਵਪੂਰਨ ਰਾਸ਼ਟਰੀ ਸੁਰੱਖਿਆ ਮੁੱਦਿਆਂ 'ਤੇ ਚਰਚਾਵਾਂ ਚੱਲ ਰਹੀਆਂ ਨੇ.

---------------------------------------------------

ਗੰਨਾ ਕਿਸਾਨਾਂ ਨੇ ਸਰਕਾਰ ਵਲੋਂ ਉਨ੍ਹਾਂ ਦੀਆਂ ਮੰਗਾਂ ਮੰਨ ਲਏ ਜਾਣ ਤੋਂ ਬਾਅਦ ਕਲ੍ਹ ਦੇਰ ਸ਼ਾਮ ਮੁਕੇਰੀਆਂ ਖੰਡ ਮਿੱਲ ਦੇ ਸਾਹਮਣੇ ਆਪਣਾ ਧਰਨਾ ਖਤਮ ਕਰ ਦਿੱਤਾ ਏ . ਕਿਸਾਨਾਂ ਨੂੰ ਸਾਲ 2025-26 ਦੌਰਾਨ ਖੰਡ ਮਿੱਲਾਂ ਨੂੰ ਵੇਚੇ ਗਏ ਗੰਨੇ ਲਈ 68.50 ਰੁਪਏ ਪ੍ਰਤੀ ਕੁਇੰਟਲ ਸਬਸਿਡੀ ਦੇਣ ਵਾਲਾ ਪੱਤਰ ਜਾਰੀ ਕੀਤਾ ਗਿਆ ਏ । ਇਸ ਸਬੰਧ ਵਿੱਚ, ਪੰਜਾਬ ਖੇਤੀਬਾੜੀ, ਕਿਸਾਨ ਭਲਾਈ, ਬਾਗਬਾਨੀ, ਅਤੇ ਭੂਮੀ ਅਤੇ ਜਲ ਸੰਭਾਲ ਵਿਭਾਗ ਦੇ ਪ੍ਰਬੰਧ ਸਕੱਤਰ ਨੇ ਕਲ੍ਹ ਸ਼ਾਮ ਇੱਕ ਪੱਤਰ ਜਾਰੀ ਕੀਤਾ, ਜਿਸ ਅਨੁਸਾਰ ਇਹ ਰਕਮ ਸਿੱਧੇ ਕਿਸਾਨਾਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾਵੇਗੀ।

---------------------------------------------------

ਪੰਜਾਬ ਚ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਦਾ ਐਲਾਨ ਹੋ ਗਿਆ ਏ. ਵੋਟਾਂ 14 ਦਸੰਬਰ ਨੂੰ ਪੈਣਗੀਆਂ ਜਦਕਿ ਵੋਟਾਂ ਦੀ ਗਿਣਤੀ 17 ਦਸੰਬਰ ਨੂੰ ਕੀਤੀ ਜਾਏਗੀ । ਸੂਬੇ ਦੇ ਚੋਣ

ਕਮਿਸ਼ਨਰ, ਰਾਜ ਕਮਲ ਚੌਧਰੀ ਨੇ ਚੋਣਾਂ ਦਾ ਐਲਾਨ ਕਰਦਿਆਂ ਕਿਹਾ ਕਿ ਚੋਣਾਂ, ਬੈਲਟ ਪੇਪਰਾਂ ਰਾਹੀਂ ਹੋਣਗੀਆਂ. ਉਹਨਾਂ ਇਹ ਵੀ ਦੱਸਿਆ ਕਿ ਨਾਮਜ਼ਦਗੀ ਪ੍ਰਕਿਰਿਆ ਪਹਿਲੀ ਤੋਂ 4 ਦਸੰਬਰ ਤੱਕ ਜਾਰੀ ਰਹੇਗੀ । ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 6 ਦਸੰਬਰ ਹੋਵੇਗੀ। ਔਰਤਾਂ ਲਈ 50 ਫੀਸਦੀ ਸੀਟਾਂ ਰਾਖਵੀਆਂ ਹੋਣਗੀਆਂ । ਇਹਨਾਂ ਚੋਣਾਂ ਵਿਚ 357 ਜ਼ੋਨਾਂ ਵਿਚ 23 ਜ਼ਿਲਾ ਪਰਿਸ਼ਦ ਲਈ ਤੇ 2 ਹਾਜ਼ਰ 863 ਜ਼ੋਨਾਂ ਵਿਚ 154 ਪੰਚਾਇਤ ਸੰਮਤੀ ਲਈ ਮੈਂਬਰ ਚੁਣੇ ਜਾਣਗੇ. ਵੋਟਰਾਂ ਦੀ ਕੁਲ ਗਿਣਤੀ 1 ਕਰੋੜ 36 ਲੱਖ 4 ਹਾਜ਼ਰ 650 ਏ. ਵੋਟਿੰਗ ਅਮਲ ਲਈ ਕੁਲ 18 ਹਾਜ਼ਰ 181 ਪੋਲਿੰਗ ਬੂਥ ਬਣਾਏ ਗਏ ਨੇ, ਇਸ ਤੋਂ ਇਲਾਵਾ ਅਧਿਕਾਰੀਆਂ ਦੀ ਤਾਇਨਾਤੀ ਸਮੇਤ ਸੁਰੱਖਿਆ ਤੇ ਹੋਰ ਜ਼ਰੂਰੀ ਚੀਜ਼ਾਂ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ ਚੋਣਾਂ ਦੇ ਐਲਾਨ ਨਾਲ ਸੂਬੇ  ਚ ਤੁਰੰਤ ਪ੍ਰਭਾਵ ਨਾਲ ਚੋਣ ਜ਼ਾਬਤਾ ਲਾਗੂ ਹੋ ਗਿਆ ਏ ।

---------------------------------------------------

ਜਲੰਧਰ’ਚ ਪ੍ਰੋਜੈਕਟ ਚੇਤਨਾ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਿਥੇ ਵਿਦਿਆਰਥੀਆਂ ਨੂੰ ਜੀਵਨ ਰਖਿਅਕ ਹੁਨਰ ਦੀ ਸਿਖਲਾਈ ਦਿੱਤੀ ਜਾ ਰਹੀ ਏ, ਉਥੇ ਤਿੰਨ ਸਰਕਾਰੀ ਸਕੂਲਾਂ ਵਿੱਚ ਵੱਖ-ਵੱਖ ਪੋਸਟਰ ਮੁਕਾਬਲੇ ਕਰਵਾਏ ਗਏ ਨੇ. ਇਸੇ ਲੜੀ ਤਹਿਤ ਡਿਪਟੀ ਕਮਿਸ਼ਨਰ ਡਾ.

ਹਿਮਾਂਸ਼ੂ ਅਗਰਵਾਲ ਨੇ ਸਕੂਲ ਆਫ਼ ਐਮੀਨੈਂਸ, ਜਲੰਧਰ ਵਿਖੇ ਮੁਕਾਬਲਿਆਂ ਦੇ ਜੇਤੂਆਂ ਨੂੰ ਸਰਟੀਫਿਕੇਟ ਅਤੇ ਮੋਮੈਂਟੋ ਦੇ ਕੇ ਹੌਸਲਾ ਅਫ਼ਜਾਈ ਕੀਤੀ। ਡਾ.ਹਿਮਾਂਸ਼ੂ ਅਗਰਵਾਲ ਨੇ ਬੱਚਿਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਹੁਨਰਮੰਦ ਬਣਨ ਵਿੱਚ ਦਿਲਚਸਪੀ ਦਿਖਾਉਣ ਲਈ ਵੀ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਉਚਾ ਮੁਕਾਮ ਹਾਸਿਲ ਕਰਨ ਲਈ ਸਖ਼ਤ ਮਿਹਨਤ ਦੀ ਲੋੜ ਏ, ਇਸ ਲਈ ਮਿਹਨਤ ਕਰਨ ਵਾਲੇ ਵਿਦਿਆਰਥੀ ਹੀ ਇਹ ਮੰਜ਼ਿਲ ਸਰ ਕਰਦੇ ਨੇ.
ਉਨ੍ਹਾਂ ਕਿਹਾ ਕਿ ਚੇਤਨਾ ਪ੍ਰੋਜੈਕਟ ਤਹਿਤ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਕਰਵਾਏ ਮੁਕਾਬਲਿਆਂ ਵਿੱਚ ਬੇਕਾਰ ਚੀਜਾਂ ਨੂੰ ਇਕ ਨਵਾਂ ਰੂਪ ਦੇਣ ਲਈ ਵੱਖ-ਵੱਖ ਮਾਡਲ ਅਤੇ ਪੋਸਟਰ ਚਿਤਰਣ ਦੇ ਪਹਿਲੀਆਂ ਤਿੰਨ ਪੁਜੀਸ਼ਨਾਂ ਲੈਣ ਵਾਲੇ ਜੇਤੂ 12 ਵਿਦਿਆਰਥੀਆਂ ਨੂੰ ਸਨਮਾਨਿਆ ਗਿਆ। ਇਸ ਤੋਂ ਇਲਾਵਾ ਪੋਸਟਰ ਮੇਕਿੰਗ ਅਤੇ ਪ੍ਰੇਜੈਂਟੇਸ਼ਨ ਵਿੱਚ 6 ਵਿਦਿਆਰਥੀਆਂ ਨੇ ਮੱਲਾਂ ਮਾਰੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੈਂਕਿੰਗ ਤੇ ਮਾਲੀ ਜਾਗਰੂਕਤਾ, ਡਿਜੀਟਲ ਜਾਗਰੂਕਤਾ, ਸਾਈਬਰ ਅਪਰਾਧ ਅਤੇ ਜੀਵਨ ਰਖਿਅਕ ਹੁਨਰ ਬਾਰੇ ਵੀ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿੱਚ 24 ਵਿਦਿਆਰਥੀਆਂ ਨੇ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਿਲ ਕੀਤੀਆਂ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਭਵਿੱਖ ਵਿੱਚ ਵੀ ਕਰਵਾਏ ਜਾਣਗੇ।

------------------------------------------------------------

ਜਲੰਧਰ ਦੇ ਰੀਜ਼ਨਲ ਟਰਾਂਸਪੋਰਟ ਅਥਾਰਟੀ ‘ਚ ਸਕੱਤਰ,ਬਲਬੀਰ ਰਾਜ ਨੇ ਜ਼ਿਲ੍ਹਾ ਪੱਧਰੀ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ. ਮੀਟਿੰਗ ਦੌਰਾਨ ਓਹਨਾਂ ਸੜ੍ਹਕ ਸੁਰੱਖਿਆ ਉਪਾਵਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ, ਓਵਰ ਲੋਡਿੰਗ ਤੇ ਤੈਅਸ਼ੁਦਾ ਰਫਤਾਰ ਤੋਂ ਤੇਜ਼ ਰਫਤਾਰ ਨਾਲ ਅਤੇ ਸ਼ਰਾਬ ਪੀ ਕੇ ਵਾਹਨ ਚਲਾਉਣ ਵਾਲਿਆਂ ਖਿਲਾਫ਼ ਸ਼ਖਤ ਤੋਂ ਸਖ਼ਤ ਕਾਰਵਾਈ ਕਰਦਿਆਂ ਚਲਾਨ ਕੱਟੇ ਜਾਣ. ਓਹਨਾਂ, ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਸੇਫ਼ ਸਕੂਲ ਵਾਹਨ ਪਾਲਿਸੀ ਨੂੰ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਵਿਦਿਆਰਥੀਆਂ ਨੂੰ ਸਕੂਲ ਲੈ ਕੇ ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਨੂੰ ਵੀ ਯਕੀਨੀ ਬਣਾਇਆ ਜਾਵੇ।

**ਇਸ ਦੇ ਨਾਲ ਹੀ ਖਬਰਾਂ ਦਾ ਇਹ  ਬੁਲੇਟਿਨ ਖਤਮ ਹੋਇਆ , ਸਾਡਾ ਅਗਲਾ ਰਾਸ਼ਟਰੀ ਖਬਰਾਂ ਦਾ ਬੁਲੇਟਿਨ ਤੁਸੀਂ ਸੁਣੋ ਗੇ 1 ਵੱਜ ਕੇ 40 ਮਿੰਟ ਤੇ ,**

**ਨਮਸਕਾਰ**